




ਸ੍ਰੀ ਮੁਕਤਸਰ ਸਾਹਿਬ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਗੱਲਬਾਤ ਕਰਦੇ ਹੋਏ ਡੀ. ਐੱਸ. ਪੀ. ਅਮਰਜੀਤ ਸਿੰਘ, ਨਾਲ ਹੋਰ ਮੁਲਾਜ਼ਮ। (ਸੱਜੇ) ਕਾਬੂ ਕੀਤੇ ਗਏ ਦੋਸ਼ੀ ਪੁਲਿਸ ਪਾਰਟੀ ਨਾਲ।

ਤਸਵੀਰਾਂ : ਬਲਕਰਨ ਸਿੰਘ ਖਾਰਾ

# ਸੇਲਜ਼ਮੈਨ ਤੋਂ ਪੌਣੇ 2 ਲੱਖ ਰੁਪਏ ਲੁੱਟਣ ਵਾਲੇ 3 ਦੋਸ਼ੀ ਕਾਬੂ

ਸ੍ਰੀ ਮੁਕਤਸਰ ਸਾਹਿਬ, 14 ਜੂਨ (ਰਣਜੀਤ ਸਿੰਘ ਢਿੱਲੋਂ, ਹਰਮਹਿੰਦਰ ਪਾਲ)-ਜ਼ਿਲ੍ਹਾ ਪੁਲਿਸ ਮੁਖੀ ਸ੍ਰੀ ਧਰੂਮਨ ਐਚ. ਨਿੰਬਾਲੇ ਦੇ ਦਿਸ਼ਾ-ਨਿਰਦੇਸ਼, ਐੱਸ. ਪੀ. (ਡੀ.) ਅਤੇ ਉਪ ਕਪਤਾਨ ਪੁਲਿਸ (ਸਬ ਡਵੀਜ਼ਨ) ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਹੇਠ ਥਾਣਾ ਸਿਟੀ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸੇਲਜ਼ਮੈਨ ਨੂੰ ਜ਼ਖ਼ਮੀ ਕਰਕੇ ਉਸ ਤੋਂ ਪੌਣੇ 2 ਲੱਖ ਰੁਪਏ ਲੁੱਟਣ ਵਾਲੇ 3 ਵਿਅਕਤੀਆਂ ਨੂੰ ਕਾਬੂ ਕਰ ਲਿਆ। ਇਸ ਸੰਬੰਧੀ ਅੱਜ ਪ੍ਰੈਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਡੀ. ਐੱਸ. ਪੀ. ਅਮਰਜੀਤ ਸਿੰਘ ਨੇ ਦੱਸਿਆ ਕਿ ਮੁੱਦਈ ਹਰਦੇਸ਼ ਕੁਮਾਰ ਪੁੱਤਰ ਕਾਨਤਾ ਪ੍ਰਸ਼ਾਦ ਵਾਸੀ ਬਠਿੰਡਾ ਜੋ ਕਿ ਮਿਰਚ, ਮਸਾਲਾ ਅਤੇ ਝਾੜੂ ਵਗੈਰਾ ਬਣਾਉਣ ਵਾਲੀ ਭਾਗੀਰਥ ਕੰਪਨੀ ਵਿਚ ਸੇਲਜ਼ਮੈਨ ਦੀ ਨੌਕਰੀ ਕਰਦਾ ਹੈ ਅਤੇ ਅਕਸਰ ਹੀ ਕੰਪਨੀ ਦੇ ਕੰਮਕਾਰ ਸੰਬੰਧੀ ਮੰਡੀਆਂ 'ਚ ਸੈਂਪਲ ਵਗੈਰਾ ਚੈੱਕ ਕਰਵਾਉਣ ਅਤੇ ਮਾਰਕਿਟ ਕਰਨ ਲਈ ਜਾਂਦਾ ਰਹਿੰਦਾ ਹੈ। ਬੀਤੀ 11 ਜੂਨ ਨੂੰ ਹਰਦੇਸ਼ ਕੁਮਾਰ ਝਾੜੂ ਦੇ ਆਰਡਰ ਲੈਣ ਅਤੇ ਪਿਛਲੇ ਸਮੇਂ ਦੌਰਾਨ ਆਏ ਸਮਾਨ ਦੀ ਉਗਰਾਹੀ ਕਰਨ ਲਈ ਆਇਆ ਹੋਇਆ ਸੀ। ਜਦੋਂ ਉਹ ਵੱਖ-ਵੱਖ ਦੁਕਾਨਾਂ ਤੋਂ ਉਗਰਾਹੀ ਕਰ ਕੇ 1 ਲੱਖ 80 ਹਜ਼ਾਰ ਰੁਪਏ ਬੈਗ ਵਿਚ ਪਾ ਕੇ ਈ-ਰਿਕਸ਼ਾ ਰਾਹੀਂ ਬੱਸ ਸਟੈਂਡ ਸ੍ਰੀ ਮੁਕਤਸਰ ਸਾਹਿਬ ਨੂੰ ਜਾ ਰਿਹਾ ਸੀ ਤਾਂ ਮਲੋਟ ਰੋਡ ਸਥਿਤ ਐੱਸ. ਆਰ. ਐੱਸ. ਸਿਨੇਮੇ ਦੇ ਨਜ਼ਦੀਕ ਮੋਟਰਸਾਈਕਲ 'ਤੇ ਆਏ 3 ਅਣਪਛਾਤੇ ਨੌਜਵਾਨਾਂ ਨੇ ਕਾਪਾ ਮਾਰ ਕੇ ਉਸ ਤੋਂ ਪੈਸਿਆਂ ਵਾਲਾ ਬੈਗ ਖੋਹ ਲਿਆ ਅਤੇ ਫ਼ਰਾਰ ਹੋ ਗਏ। ਇਸ ਉਪਰੰਤ

**1,28,480 ਰੁਪਏ ਦੀ ਨਕਦੀ, 11 ਗ੍ਰਾਮ ਹੈਰੋਇਨ ਤੇ ਮੋਟਰਸਾਈਕਲ ਬਰਾਮਦ**

ਪੁਲਿਸ ਨੇ ਥਾਣਾ ਸਿਟੀ ਵਿਖੇ ਮਾਮਲਾ ਦਰਜ ਕਰ ਕੇ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ। ਦੌਰਾਨੇ ਤਫ਼ਤੀਸ਼ ਦੌਰਾਨ ਕੁਝ ਹੀ ਘੰਟਿਆਂ ਵਿਚ ਮੁਕੱਦਮਾ ਟਰੇਸ ਕਰ ਕੇ ਦੋਸ਼ੀਆਨ ਨੂੰ ਪਨਾਹ ਦੇਣ ਵਾਲੇ ਵਿਅਕਤੀ ਰਾਜ ਕੁਮਾਰ ਪੁੱਤਰ ਰਾਮ ਦਿੱਤਾ ਵਾਸੀ ਗੂੰਲਰ ਕਾਲੋਨੀ ਸ੍ਰੀ ਮੁਕਤਸਰ ਸਾਹਿਬ ਨੂੰ ਉਸ ਦੇ ਘਰ ਅੱਗੋਂ ਗਲੀ ਵਿਚ ਕਾਬੂ ਕਰ ਲਿਆ ਅਤੇ ਉਸ ਦੇ ਬਿਆਨ 'ਤੇ ਮਨਜੀਤ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਚੌਤਰਾ, ਗੁਰਸੇਵਕ ਸਿੰਘ ਪੁੱਤਰ ਜਗਰੂਪ ਸਿੰਘ ਵਾਸੀ ਗੂੰਲਰ ਕਾਲੋਨੀ ਸ੍ਰੀ ਮੁਕਤਸਰ ਸਾਹਿਬ ਅਤੇ ਸੁਖਵਿੰਦਰ ਸਿੰਘ ਉਰਫ਼ ਕਾਕਾ ਪੁੱਤਰ ਤਰਸੇਮ ਸਿੰਘ ਵਾਸੀ ਗੂੰਲਰ ਕਾਲੋਨੀ ਸ੍ਰੀ ਮੁਕਤਸਰ ਸਾਹਿਬ ਨੂੰ ਮੁਕੱਦਮੇ ਵਿਚ ਨਾਮਜ਼ਦ ਕਰਦਿਆਂ ਦੋਸ਼ੀ ਗੁਰਸੇਵਕ ਸਿੰਘ ਨੂੰ ਕੋਟਕਪੂਰਾ ਉਦੇਕਰਨ ਰੋਡ ਸ੍ਰੀ ਮੁਕਤਸਰ ਸਾਹਿਬ ਤੋਂ ਗ੍ਰਿਫ਼ਤਾਰ ਕਰ ਕੇ ਉਸ ਪਾਸੋਂ 54,510 ਰੁਪਏ ਦੀ ਨਕਦੀ, 6 ਗ੍ਰਾਮ ਹੈਰੋਇਨ ਅਤੇ ਕਾਪਾ, ਦੋਸ਼ੀ ਸੁਖਵਿੰਦਰ ਸਿੰਘ ਉਰਫ਼ ਕਾਕਾ ਪਾਸੋਂ 60,470 ਰੁਪਏ ਨਕਦੀ ਅਤੇ 5 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ ਦੋਸ਼ੀ ਮਨਜੀਤ ਸਿੰਘ ਨੂੰ ਸਰਕਾਰੀ ਕਾਲਜ ਨਜ਼ਦੀਕ ਰੇਲਵੇ ਕਰਾਸਿੰਗ ਪਾਸੋਂ ਗ੍ਰਿਫ਼ਤਾਰ ਕਰ ਕੇ ਇਸ ਤੋਂ 10,000 ਰੁਪਏ ਬਰਾਮਦ ਕੀਤੇ ਗਏ। ਉਨ੍ਹਾਂ ਦੱਸਿਆ ਕਿ ਦੋਸ਼ੀਆਂ ਪਾਸੋਂ ਕੁੱਲ 1,28,480 ਰੁਪਏ ਦੀ ਨਕਦੀ ਅਤੇ ਵਾਰਦਾਤ 'ਚ ਵਰਤਿਆ ਗਿਆ ਮੋਟਰਸਾਈਕਲ ਵੀ ਬਰਾਮਦ ਕਰ ਲਿਆ ਹੈ ਅਤੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਉਕਤ ਦੋਸ਼ੀ ਵੱਖ-ਵੱਖ ਮਾਮਲਿਆਂ ਵਿਚ ਸਜ਼ਾ ਵੀ ਕੱਟ ਚੁੱਕੇ ਹਨ।

Scanned with CamScanner